# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 14:30

**ਮਿਤੀ :26-12-2025**

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਨੇ ਅੱਜ ਨਵੀਂ ਦਿੱਲੀ ਵਿੱਚ 'ਵੀਰ ਬਾਲ ਦਿਵਸ' ਦੇ ਮੌਕੇ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਪ੍ਰਦਾਨ ਕੀਤੇ। ਇਸ ਸਾਲ, 18 ਸੂਬਿਆਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਦੇ 20 ਬੱਚਿਆਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪ੍ਰਾਪਤੀਆਂ ਲਈ ਸਨਮਾਨਿਤ ਕੀਤਾ ਗਿਆ। ਇਸ ਮੌਕੇ 'ਤੇ ਬੋਲਦਿਆਂ, ਰਾਸ਼ਟਰਪਤੀ ਮੁਰਮੂ ਨੇ ਕਿਹਾ  ਕਿ ਪੁਰਸਕਾਰ, ਜੇਤੂ ਬੱਚਿਆਂ ਨੇ ਬਹਾਦਰੀ, ਕਲਾ, ਸੱਭਿਆਚਾਰ, ਵਾਤਾਵਰਣ, ਕਾਢਾਂ  ਅਤੇ ਵਿਗਿਆਨ ਸਮੇਤ ਵੱਖ-ਵੱਖ ਖੇਤਰਾਂ ਵਿੱਚ ਬੇਮਿਸਾਲ ਯੋਗਦਾਨ ਪਾਇਆ ਏ।  ਰਾਸ਼ਟਰਪਤੀ ਨੇ ਜ਼ਿਕਰ ਕੀਤਾ ਕਿ ਇਹ ਦਿਨ ਹਰ ਸਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫਤਿਹ ਸਿੰਘ ਜੀ

ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਮਨਾਇਆ ਜਾਂਦਾ ਏ । ਉਨ੍ਹਾਂ ਕਿਹਾ ਕਿ....BYTE:

ਰਾਸ਼ਟਰਪਤੀ ਨੇ ਕਿਹਾ ਕਿ ਇਹ ਪੁਰਸਕਾਰ, ਪ੍ਰਾਪਤ ਕਰਨ ਵਾਲਿਆਂ ਨੂੰ ਉਤਸ਼ਾਹਿਤ ਕਰਨਗੇ ਅਤੇ ਦੇਸ਼ ਭਰ ਦੇ ਬੱਚਿਆਂ ਨੂੰ ਪ੍ਰੇਰਿਤ ਕਰਨਗੇ।

--------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਚ ਚੌਥੇ ਵੀਰ ਬਾਲ ਦਿਵਸ ਦੇ ਮੌਕੇ 'ਤੇ ਰਾਸ਼ਟਰੀ ਬਾਲ ਪੁਰਸਕਾਰ ਦੇ 20 ਜੇਤੂਆਂ ਨਾਲ ਗੱਲਬਾਤ ਕੀਤੀ। ਉਨ੍ਹਾਂ ਨੇ ਬੱਚਿਆਂ ਦੀਆਂ ਜੀਵਨ ਕਹਾਣੀਆਂ ਸੁਣੀਆਂ। ਇਹ ਪੁਰਸਕਾਰ ਬਹਾਦਰੀ, ਨਵੀਨਤਾ, ਵਿਗਿਆਨ ਅਤੇ ਤਕਨਾਲੋਜੀ, ਖੇਡਾਂ ਅਤੇ ਕਲਾ ਦੇ ਖੇਤਰਾਂ ਵਿੱਚ ਦਿੱਤੇ ਜਾਂਦੇ ਨੇ।

--------------------------------------------------------------------------------

ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫ਼ਤਹਿ ਸਿੰਘ ਜੀ ਤੇ ਮਾਤਾ ਗੁਜਰੀ ਜੀ ਦੀਆਂ ਅਦੁੱਤੀ ਸ਼ਹਾਦਤਾਂ ਨੂੰ ਦੇਸ਼, ਸ਼ਰਧਾ ਤੇ ਸਤਿਕਾਰ

ਭਾਵ ਨਾਲ ਨਮਨ ਕਰ ਰਿਹਾ ਏ। ਫਤਿਹਗੜ੍ਹ ਸਾਹਿਬ ਵਿਚ ਲੱਗਣ ਵਾਲੇ ਤਿੰਨ ਰੋਜ਼ਾ ਸ਼ਹੀਦੀ ਜੋੜ ਮੇਲ ਦਾ ਅੱਜ ਦੂਜਾ ਦਿਨ ਏ ਤੇ ਸੰਗਤ, ਤੜਕਸਾਰ ਤੋਂ ਸੰਘਣੀ ਧੁੰਦ ਦੇ ਬਾਵਜੂਦ ਗੁਰੂਘਰ ਵਿਚ ਮੱਥਾ ਟੇਕਣ ਪਹੁੰਚ ਰਹੀ ਏ।

---------------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹਜਾਰਾਂ ਸ਼ਰਧਾਲੂਆਂ ਸਮੇਤ ਅੱਜ ਆਪਣੇ ਪਰਿਵਾਰ ਦੇ ਨਾਲ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਨਤਮਸਤਕ ਹੋਏ। ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜਾਦੇ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫ਼ਤਿਹ ਸਿੰਘ ਜੀ ਤੇ ਮਾਤਾ ਗੁਜਰ ਕੌਰ ਜੀ ਦੀ ਸ਼ਹਾਦਤ ਦੀ ਯਾਦ ਵਿਚ ਸ੍ਰੀ ਫ਼ਤਹਿਗੜ੍ਹ ਸਾਹਿਬ ਦੇ ਸਾਲਾਨਾ ਜੋੜ ਮੇਲ ਮੌਕੇ ਅੱਜ ਪਰਿਵਾਰ ਸਮੇਤ ਨਤਮਸਤਕ ਹੋਣ ਦਾ ਸੁਭਾਗ ਮਿਲਿਆ ਏ। ਉਨ੍ਹਾਂ ਕਿਹਾ ਕਿ ਛੋਟੇ ਸਾਹਿਬਜਾਦਿਆਂ ਦੀ ਸ਼ਹਾਦਤ ਦੀ ਮਿਸਾਲ ਦੁਨੀਆ ਦੇ ਇਤਿਹਾਸ ਵਿਚ ਕਿਤੇ ਨਹੀਂ ਮਿਲਦੀ।

---------------------------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ  ਤਰੁਣਪ੍ਰੀਤ ਸਿੰਘ ਸੌਂਦ, ਗੁਰਦੁਆਰਾ ਸ੍ਰੀ ਸੁੱਖ ਸਾਗਰ ਸਾਹਿਬ, ਖੰਨਾ ਤੋਂ ਸੰਗਤੀ ਰੂਪ ਵਿੱਚ ਪੈਦਲ ਯਾਤਰਾ ਕਰ ਕੇ, ਸ਼ਹੀਦੀ ਸਭਾ ਮੌਕੇ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਪੁੱਜੇ ਤੇ ਮੱਥਾ ਟੇਕਿਆ। ਕੈਬਨਿਟ ਮੰਤਰੀ ਸੌਂਦ ਨੇ ਕਿਹਾ ਕਿ ਸਾਨੂੰ ਛੋਟੇ ਸਾਹਿਬਜਾਦਿਆਂ ਤੇ ਮਾਤਾ ਗੁਜਰੀ ਜੀ ਦੀਆਂ ਸ਼ਹਾਦਤਾਂ ਨੂੰ ਮਨਾਂ ਵਿਚ ਵਸਾ ਕੇ ਸਮਾਜ ਸੇਵਾ ਦੇ ਕਾਰਜ ਕਰਨੇ ਚਾਹੀਦੇ ਨੇ।  ਫਤਿਹਗੜ੍ਹ ਸਾਹਿਬ  ਵਿਚ ਸ਼ਹੀਦੀ ਸਭਾ ਮੌਕੇ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਸੰਸਦ ਮੈਂਬਰਾਂ ਸੁਖਜਿੰਦਰ ਸਿੰਘ ਰੰਧਾਵਾ ਤੇ ਡਾ. ਅਮਰ ਸਿੰਘ ਵੀ ਗੁਰਦੁਆਰਾ ਸ੍ਰੀ ਫਤਹਿਗੜ੍ਹ ਸਾਹਿਬ ਪੁੱਜੇ ਤੇ ਸ਼ਰਧਾਂਜਲੀ ਭੇਟ ਕੀਤੀ।

--------------------------------------------------------------------------

ਦੇਸ਼ ਅੱਜ, ਸ਼ਹੀਦ ਊਧਮ ਸਿੰਘ ਨੂੰ ਉਨ੍ਹਾਂ ਦੀ 126ਵੀਂ ਜਨਮ ਵਰ੍ਹੇਗੰਢ 'ਤੇ ਯਾਦ ਕਰ ਰਿਹਾ ਏ। 1899 ਵਿੱਚ ਅੱਜ ਦੇ ਦਿਨ ਅਣਵੰਡੇ ਭਾਰਤ ਵਿੱਚ ਪੰਜਾਬ ਦੇ ਪਿੰਡ ਸੁਨਾਮ ਵਿੱਚ ਜਨਮੇ, ਇਨਕਲਾਬੀ ਆਜ਼ਾਦੀ ਘੁਲਾਟੀਏ ਨੇ ਪੰਜਾਬ ਦੇ ਸਮਕਾਲੀ ਲੈਫਟੀਨੈਂਟ ਗਵਰਨਰ ਮਾਈਕਲ ਓ'ਡਵਾਇਰ

ਦੀ ਹੱਤਿਆ ਕਰ ਕੇ ਜਲ੍ਹਿਆਂਵਾਲਾ ਬਾਗ ਕਤਲੇਆਮ ਦਾ ਬਦਲਾ ਲਿਆ ਸੀ। ਅੰਗਰੇਜ਼ਾਂ ਦੀ ਹਿਰਾਸਤ ਵਿੱਚ ਰਹਿੰਦਿਆਂ, ਉਨ੍ਹਾਂ ਨੇ  'ਰਾਮ ਮੁਹੰਮਦ ਸਿੰਘ ਆਜ਼ਾਦ' ਨਾਂ ਦੀ ਵਰਤੋਂ ਕੀਤੀ, ਜਿਹੜਾ ਕਿ ਭਾਰਤ ਦੇ ਤਿੰਨ ਪ੍ਰਮੁੱਖ ਧਰਮਾਂ ਅਤੇ ਉਨ੍ਹਾਂ ਦੀਆਂ ਬਸਤੀਵਾਦ ਵਿਰੋਧੀ ਭਾਵਨਾਵਾਂ ਨੂੰ ਦਰਸਾਉਂਦਾ ਏ । ਉਹ ਗ਼ਦਰ ਪਾਰਟੀ ਅਤੇ Hindustan Socialist Republic Association ਦੇ ਸਰਗਰਮ ਮੈਂਬਰ ਸਨ ।

----------------------------------------------------------------------------

ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਅੱਜ ਆਜ਼ਾਦੀ ਘੁਲਾਟੀਏ ਸ਼ਹੀਦ ਊਧਮ ਸਿੰਘ ਨੂੰ ਉਨ੍ਹਾਂ ਦੇ ਜਨਮ ਵਰੇਗੰਢ  'ਤੇ ਸ਼ਰਧਾਂਜਲੀ ਭੇਟ ਕੀਤੀ । ਇਕ ਸੋਸ਼ਲ ਮੀਡੀਆ ਪੋਸਟ ਵਿੱਚ ਗ੍ਰਹਿ ਮੰਤਰੀ  ਨੇ ਕਿਹਾ ਕਿ ਅਮਰ ਸ਼ਹੀਦ ਊਧਮ ਸਿੰਘ ਨੇ ਜਲ੍ਹਿਆਂਵਾਲਾ ਬਾਗ ਕਤਲੇਆਮ ਵਿੱਚ ਸ਼ਹੀਦ ਹੋਏ ਆਪਣੇ ਦੇਸ਼ ਵਾਸੀਆਂ ਦਾ ਬਦਲਾ ਲੈਣ ਵਿੱਚ ਬੇਮਿਸਾਲ ਹਿੰਮਤ ਅਤੇ ਬਹਾਦਰੀ ਦਿਖਾਈ।

----------------------------------------------------------------------------

ਇਸ ਸਬੰਧ ਵਿਚ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਦੇਸ਼ ਦੀ ਆਜ਼ਾਦੀ ਲਈ ਆਪਣੀ ਜਾਨ ਕੁਰਬਾਨ ਕਰਨ ਵਾਲੇ ਮਹਾਨ ਆਜ਼ਾਦੀ ਘੁਲਾਟੀਏ ਅਤੇ ਪੰਜਾਬ ਦੇ ਜਾਏ ਸ਼ਹੀਦ ਊਧਮ ਸਿੰਘ ਜੀ ਨੂੰ ਉਨ੍ਹਾਂ ਦੇ ਜਨਮ ਦਿਹਾੜੇ ਮੌਕੇ ਪ੍ਰਣਾਮ ਕਰਦੇ ਹਾਂ। ਉਨ੍ਹਾਂ ਦਾ ਜੀਵਨ ਸਮੂਹ ਪੰਜਾਬੀਆਂ ਨੂੰ ਪੀੜ੍ਹੀ ਦਰ ਪੀੜ੍ਹੀ ਦੇਸ਼ ਭਗਤੀ ਦੀ ਪ੍ਰੇਰਣਾ ਦਿੰਦਾ ਰਹੇਗਾ।

---------------------------------------------------------------------------

**ਇਸ ਦੇ ਨਾਲ ਹੀ ਪ੍ਰਾਦੇਸ਼ਿਕ ਖ਼ਬਰਾਂ ਖ਼ਤਮ ਹੋਈਆ।**

**ਰਾਸ਼ਟਰੀ ਖ਼ਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ, 2 ਵਜ ਕੇ 50 ਮਿੰਟ 'ਤੇ।**

**ਨਮਸਕਾਰ ।**